ਅਕਾਲੀ ਪਤ੍ਰਿਕਾ ਜਲੰਧਰ ਮਿਤੀ ੨੮-੧੦-੨੦੨੦

# ਸਾਰੇ ਜ਼ਿਲ੍ਹਿਆਂ ਦੇ ਡੀ.ਸੀ. ਕਬਰਸਤਾਨਾਂ ਤੇ ਕਬਜ਼ੇ ਕਰਨ ਵਾਲਿਆਂ ਤੇ ਤੁਰੰਤ ਕਾਰਵਾਈ ਕਰਨ - ਪ੍ਰੋ. ਇਮਾਨੂਏਲ ਨਾਹਰ

ਜਲੰਧਰ 27 ਅਕਤੂਬਰ ( ਜੇ.ਐਸ. ਸੋਢੀ ) ਪੰਜਾਬ ਰਾਜ ਘੱਟ ਗਿਣਤੀਆਂ ਕਮਿਸ਼ਨ ਦੇ ਚੇਅਰਮੈਨ ਪ੍ਰੋਫੈਸਰ ਇਮਾਨੂੰਏਲ ਨਾਹਰ ਦੀ ਪ੍ਰਧਾਨਗੀ ਹੇਠ ਸੀਨੀਅਰ ਵਾਈਸ-ਚੇਅਰਮੈਨ, ਵਾਈਸ-ਚੇਅਰਮੈਨ ਅਤੇ ਸਮੂਹ ਮੈਂਬਰਾਂ ਨਾਲ 19 ਅਕਤੂਬਰ ਨੂੰ ਹੋਈ ਮੀਟਿੰਗ ਵਿਚ ਘੱਟ ਗਿਣਤੀ ਮੁਸਲਿਮ, ਇਸਾਈ ਅਤੇ ਜੈਨ ਭਾਈਚਾਰਿਆਂ ਨਾਲ ਸਬੰਧਤ ਬਹੁਤ ਸਾਰੇ ਗੰਭੀਰ ਮਾਮਲੇ ਵਿਸਥਾਰ ਨਾਲ ਵਿਚਾਰੇ ਗਏ ਜਿਹਨਾਂ ਵਿਚ ਕੁੱਝ ਮਹੱਤਵ ਪੂਰਨ ਮਾਮਲੇ ਜਿਵੇਂ ਕਿ ਕਮਿਸ਼ਨ ਵਿਚ ਕਬਰਸਤਾਨਾਂ ਸਬੰਧੀ ਬਹੁਤ ਸਾਰੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਕਿ ਭੂ-ਮਾਫੀਆ ਵੱਲੋਂ ਘੱਟ ਗਿਣਤੀ ਭਾਈਚਾਰੇ ਦੇ ਕਬਰਸਤਾਨਾਂ ਦੀ ਜ਼ਮੀਨ ਤੇ ਨਜਾਇਜ਼ ਕਬਜ਼ੇ ਕੀਤੇ ਜਾ ਰਹੇ ਹਨ ਅਤੇ ਕਬਰਸਤਾਨਾਂ ਦੇ ਨਾਲ ਲਗਦੀ ਜ਼ਮੀਨ ਦੇ ਮਾਲਕਾਂ ਵੱਲੋਂ ਵੀ ਨਜ਼ਾਇਜ਼ ਕਬਜ਼ੇ ਕੀਤੇ ਜਾ ਰਹੇ ਹਨ । ਇਸ ਤੋਂ ਇਲਾਵਾ ਵਕਫ਼ ਬੋਰਡ ਦੀ ਕਬਰਸਤਾਨਾਂ ਲਈ ਅਲਾਟ ਕੀਤੀ ਜ਼ਮੀਨ ਨੂੰ ਲੀਜ਼ ਤੇ ਲੈ ਕੇ ਬਾਅਦ ਵਿਚ ਗਲਤ ਤਰੀਕੇ ਅਪਣਾ ਕੇ ਵੇਚਿਆ ਜਾ ਰਿਹਾ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲੈਂਦੇ ਹੋਏ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕਿ ਮਾਮਲਾ ਗੰਭੀਰ ਹੋਣ ਕਾਰਨ ਗ੍ਰਹਿ ਵਿਭਾਗ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਅਤੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਲਿਖਿਆ ਜਾਵੇ ਕਿ ਕਬਰਸਤਾਨਾਂ ਤੇ ਨਜ਼ਾਇਜ਼ ਕਬਜ਼ੇ ਰੋਕਣ ਲਈ ਹਰ ਸੰਭਵ ਕਾਰਵਾਈ ਕੀਤੀ ਜਾਵੇ। ਕਮਿਸ਼ਨ ਵਿਚ ਬਹੁਤ ਸਾਰੀਆਂ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ ਕਿ ਇਸਾਈ ਅਤੇ ਮੁਸਲਿਮ ਭਾਈਚਾਰੇ ਦੇ ਗਰੀਬ ਲੋਕਾਂ ਉੱਤੇ ਅਤੇ ਇਹਨਾਂ ਦੇ ਧਾਰਮਿਕ ਸਥਾਨਾਂ ਉੱਤੇ ਨਿੱਤ ਪ੍ਰਤੀ ਹਮਲੇ ਹੋ ਰਹੇ ਹਨ ਅਤੇ ਧਨਾਢ ਲੋਕਾਂ ਵੱਲੋਂ ਮਾਰਕੁਟਾਈ ਕੀਤੀ ਜਾ ਰਹੀ ਹੈ, ਪਰੰਤੂ ਪੁਲਿਸ ਦੁਆਰਾ ਕਾਰਵਾਈ ਕਰਨ ਵਿਚ ਬਹੁਤ ਦੇਰੀ ਕੀਤੀ ਜਾਂਦੀ ਹੈ ਜਾਂ ਕਈ ਵਾਰ ਕੋਈ ਦੋਸ਼ੀਆਂ ਵਿਰੁੱਧ ਸਮੇਂ ਸਿਰ ਕਾਰਵਾਈ ਨਾ ਹੋਣ ਕਾਰਨ ਉਹਨਾਂ ਦੇ ਹੌਸਲੇ ਬੁਲੰਦ ਹੁੰਦੇ ਹਨ। ਕਮਿਸ਼ਨ ਨੇ ਮਤਾ ਪਾਸ ਕੀਤਾ ਕਿ ਮਾਨਯੋਗ ਮੁੱਖ ਮੰਤਰੀ, ਵਧੀਕ ਮੁੱਖ ਸੱਕਤਰ ਗ੍ਰਹਿ ਵਿਭਾਗ ਅਤੇ ਡੀ.ਜੀ.ਪੀ. ਪੰਜਾਬ ਨੂੰ ਬੇਨਤੀ ਕੀਤੀ ਜਾਵੇ ਕਿ ਉਹ ਸਬੰਧਤ ਪੁਲਿਸ ਅਧਿਕਾਰੀਆਂ ਨੂੰ ਇਸ ਸਬੰਧੀ ਤੁਰੰਤ ਕਾਰਵਾਈ ਕਰਨ ਲਈ ਹਦਾਇਤਾਂ ਜਾਰੀ ਕਰਨ ਤਾਂ ਜੋ ਘੱਟ ਗਿਣਤੀ ਭਾਈਚਾਰਾ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰੇ ਅਤੇ ਸ਼ਾਂਤੀ ਨਾਲ ਜੀਵਨ ਬਤੀਤ ਕਰਨ। ਕਮਿਸ਼ਨ ਨੇ ਮਾਨਯੋਗ ਮੁੱਖ ਮੰਤਰੀ ਜੀ ਵੱਲੋਂ ਔਰਤਾਂ ਲਈ 33% ਰਾਖਵੇਂਕਰਨ ਦੇ ਲਏ ਗਏ ਫੈਸਲੇ ਦੀ ਭਰਪੂਰ ਸਲਾਘਾ ਕੀਤੀ ਅਤੇ ਧੰਨਵਾਦ ਕੀਤਾ। ਵਿਚਾਰ ਵਟਾਂਦਰੇ ਉਪਰੰਤ ਇਹ ਮੱਤਾ ਪਾਸ ਕੀਤਾ ਕਿ ਘੱਟ ਗਿਣਤੀ ਮੁਸਲਿਮ ਅਤੇ ਇਸਾਈ ਭਾਈਚਾਰੇ ਨੂੰ ਨੌਕਰੀਆਂ ਦੀ ਸਿੱਧੀ ਭਰਤੀ ਸਮੇਂ ਘੱਟ ਤੋਂ ਘੱਟ 5% ਰਿਜ਼ਰਵੇਸ਼ਨ ਦਿੱਤੀ ਜਾਵੇ ਤਾਂ ਜੋ ਉਹ ਵੀ ਸਰਕਾਰੀ ਨੌਕਰੀਆਂ ਦਾ ਲਾਭ ਪ੍ਰਾਪਤ ਕਰ ਸਕਣ । ਇਥੇ ਇਹ ਵੀ ਵਰਨਣਯੋਗ ਹੈ ਕਿ ਕਰਨਾਟਕਾ, ਆਂਧਰਾ ਪ੍ਰਦੇਸ਼, ਤਾਮਿਲਨਾਡੂ ਅਤੇ ਕੇਰਲਾ ਵਿਚ 5% ਆਸਾਮੀਆਂ ਘੱਟ ਗਿਣਤੀਆਂ ਲਈ ਰਾਖਵੇਂਕਰਨ ਦਾ ਲਾਭ ਦਿੱਤਾ ਗਿਆ ਹੈ।